**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਸਕੂਲ ਮੁੱਖੀ
   (ਵੈੱਬ ਸਾਈਟ ਰਾਹੀਂ)

ਮੀਮੋ ਨੰ ਸਸਅ/ਕੋਆਰਡੀਨੇਸ਼ਨ/26442
ਮਿਤੀ ਚੰਡੀਗੜ੍ਹ 22 ਫਰਵਰੀ, 2010

**ਵਿਸ਼ਾ** **ਮਾਰਚ, 2010 ਦੌਰਾਨ ਹੋਣ ਵਾਲੀਆ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਨਕਲ ਨੂੰ ਰੋਕਣ ਬਾਰੇ ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਇਹ ਆਮ ਵੇਖਣ ਵਿੱਚ ਆਇਆ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਜਾ ਰਹੀਆਂ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਦੀਆ ਸਾਲਾਨਾ ਪ੍ਰੀਖਿਆਵਾਂ ਵਿੱਚ ਬਹੁਤ ਜ਼ਿਆਦਾ ਨਕਲ ਹੁੰਦੀ ਹੈ ਜਿਸ ਦੇ ਸਿੱਟੇ ਵਜ਼ੋ ਮਿਹਨਤ ਕਰਨ ਵਾਲੇ ਅਧਿਆਪਕਾਂ ਦੇ ਨਤੀਜੇ ਘੱਟ ਰਹਿ ਜਾਂਦੇ ਹਨ। ਨਕਲ ਦੀ ਵਜ੍ਹਾ ਨਾਲ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਵਿੱਚ ਪੜ੍ਹਣ ਅਤੇ ਪੜ੍ਹਾਉਣ ਦੀ ਪ੍ਰੇਰਨਾ ਦੀ ਘਾਟ ਵੇਖੀ ਗਈ ਹੈ ।

3.0 ਆਪ ਜੀ ਨੂੰ ਇਹ ਵੀ ਪਤਾ ਹੋਵੇਗਾ ਕਿ ਬੇਸ਼ਕ ਇਨ੍ਹਾਂ ਪ੍ਰੀਖਿਆਵਾਂ ਦੇ ਸੰਚਾਲਨ ਦਾ ਕੰਟਰੋਲ ਪੰਜਾਬ ਸਕੂਲ ਸਿੱਖਿਆ ਬੋਰਡ ਪਾਸ ਹੈ, ਪਰੰਤੂ ਪ੍ਰੀਖਿਆਵਾਂ ਦੇ ਵਿੱਚ ਡਿਊਟੀ ਦੇਣ ਵਾਲੇ ਅਧਿਆਪਕ ਸਿੱਖਿਆ ਵਿਭਾਗ ਅਧੀਨ ਹੀ ਕੰਮ ਕਰਦੇ ਹਨ ਅਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਦੇ ਕੰਟਰੋਲ ਹੇਠ ਆਉਂਦੇ ਹਨ । ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਇਹ ਹਦਾਇਤਾਂ ਕੀਤੀਆ ਜਾਂਦੀਆਂ ਹਨ ਕਿ ਮਾਰਚ, 2010 ਵਿੱਚ ਹੋਣ ਵਾਲੀਆਂ ਸਾਲਾਨਾ ਪ੍ਰੀਖਿਆਵਾਂ ਵਿੱਚ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਕਿਸੇ ਵੀ ਤਰ੍ਹਾਂ ਦੀ ਨਕਲ ਨਾ ਹੋਵੇ । ਅਧਿਆਪਕਾਂ ਦੀ ਪ੍ਰੀਖਿਆਵਾਂ ਵਿੱਚ ਡਿਊਟੀ ਲਗਾਉਣ ਵੇਲੇ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਜਿਹਨਾਂ ਅਧਿਆਪਕਾਂ ਦੇ ਵਿਰੁੱਧ ਨਕਲ ਕਰਵਾਉਣ ਦੀ ਸ਼ਿਕਾਇਤਾਂ ਰਹੀਆਂ ਹਨ ਦੀ ਡਿਊਟੀ ਤੇ ਨਾ ਭੇਜਿਆ ਜਾਵੇ । ਪਿਛਲੇ ਕਈ ਸਾਲਾਂ ਤੋਂ ਇਹੋ ਜਿਹੀ ਡਿਊਟੀ ਕਰ ਰਹੇ ਅਧਿਆਪਕਾਂ ਦੇ ਸਥਾਨ ਵੀ ਬਦਲੇ ਜਾਣ । ਇਸ ਤੋਂ ਇਲਾਵਾ ਜੋ ਵੀ ਉਪਰਾਲੇ ਨਕਲ ਨੂੰ ਰੋਕਣ ਲਈ ਸਮੇਂ ਸਮੇਂ ਸਿਰ ਜ਼ਿਲ੍ਹਾ ਸਿੱਖਿਆ ਅਫਸਰਾਂ ਦੇ ਧਿਆਨ ਵਿੱਚ ਆਉਂਦੇ ਹਨ, ਕੀਤੇ ਜਾਣ ਅਤੇ ਨਕਲ ਨੂੰ ਹਰ

ਹਾਲਤ ਵਿੱਚ ਰੋਕਣਾ ਯਕੀਨੀ ਬਣਾਇਆ ਜਾਵੇ । ਪ੍ਰੀਖਿਆ ਕੇਂਦਰਾਂ ਤੇ ਲੋੜੀਂਦੀ ਪੁਲਿਸ ਸਹਾਇਤਾ ਅਤੇ ਸੁਰੱਖਿਆਂ ਮੁਹੱਈਆਂ ਕਰਵਾਉਣ ਲਈ ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਮੈਜਿਸਟ੍ਰੇਟ ਅਤੇ ਸੀਨੀਅਰ ਸੁਪਰਡੰਟ ਆਫ ਪੁਲਿਸ ਨੂੰ ਲਿਖਿਆ ਜਾ ਚੁੱਕਿਆ ਹੈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ,
ਪੰਜਾਬ

ਉਤਾਰਾ : 1. ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ
2. ਰਾਜ ਦੇ ਸਮੂਹ ਡਿਪਟੀ ਕਮਿਸ਼ਨਰ
3. ਰਾਜ ਦੇ ਸਮੂਹ ਸੀਨੀਅਰ ਸੁਪਰਡੰਟ ਆਫ ਪੁਲਿਸ